ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਤਹਿਗੜ੍ਹ ਸਾਹਿਬ

ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿੱਚ ਫਿਲਹਾਲ ਕਰਫਿਊ ਵਿੱਚ ਢਿੱਲ ਨਹੀਂ

ਫਤਹਿਗੜ੍ਹ ਸਾਹਿਬ, 29 ਅਪ੍ਰੈਲ

ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿੱਚ ਫਿਲਹਾਲ ਕਰਫਿਊ ਵਿੱਚ ਢਿੱਲ ਦੇਣ ਬਾਰੇ ਕੋਈ ਫੈਸਲਾ ਨਹੀਂ ਹੋਇਆ ਹੈ।ਜ਼ਿਲ੍ਹਾ ਮੈਜਿਸਟਰੇਟ ਵੱਲੋਂ ਅਗਲੇ ਹੁਕਮ ਜਾਰੀ ਕੀਤੇ ਜਾਣ ਤੱਕ ਜ਼ਿਲ੍ਹੇ ਵਿੱਚ ਪਹਿਲਾਂ ਵਾਲੀਆਂ ਪਾਬੰਦੀਆਂ ਹਾਲੇ ਲਾਗੂ ਹਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਘਰੇਲੂ ਹਿੰਸਾ ਤੇ ਮਾਨਸਿਕ ਤਣਾਅ ਤੋਂ ਪੀੜਤ ਔਰਤਾਂ ਲਈ ਹੈਲਪ ਲਾਈਨ ਨੰਬਰ ਜਾਰੀ

ਹੈਲਪ ਲਾਈਨ 1800-180-4104 'ਤੇ ਕਰ ਸਕਦੀਆਂ ਹਨ ਸੰਪਰਕ

ਜ਼ਿਲ੍ਹਾ ਪੱਧਰ 'ਤੇ ਟੈਲੀਫੋਨ ਨੰ: 01763-233994 ਜਾਂ ਮੋਬਾਇਲ ਨੰ: 99881-00415 'ਤੇ ਵੀ ਕੀਤਾ ਜਾ ਸਕਦਾ ਹੈ ਸੰਪਰਕ

ਫ਼ਤਹਿਗੜ੍ਹ ਸਾਹਿਬ, 29 ਅਪ੍ਰੈਲ :

ਕੋਰੋਨਾ ਵਾਇਰਸ ਕਾਰਨ ਪੈਦਾ ਹਾਲਾਤ ਕਾਰਨ ਦੌਰਾਨ ਘਰੇਲੂ ਹਿੰਸਾ ਤੇ ਮਾਨਸਿਕ ਤਣਾਅ ਤੋਂ ਪੀੜਤ ਔਰਤਾਂ, ਫ਼ਤਹਿਗੜ੍ਹ ਸਾਹਿਬ ਵਿਖੇ ਸਥਾਪਤ ਕੀਤੇ ਵਨ ਸਟਾਪ ਸੈਂਟਰ ਵਿਖੇ ਸੰਪਰਕ ਕਰ ਸਕਦੀਆਂ ਹਨ। ਇਹ ਜਾਣਕਾਰੀ ਦਿੰਦਿਆਂ ਸੈਂਟਰ ਦੀ ਪ੍ਰਬੰਧਕ ਰਜਨੀ ਬਾਲਾ ਨੇ ਦੱਸਿਆ ਕਿ ਔਰਤਾਂ ਲਈ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ ਟੈਲੀ ਕਾਊਂਸਲਿੰਗ ਸੇਵਾ ਹੈਲਪ ਲਾਈਨ ਨੰਬਰ 1800-180-4104 ਵੀ ਜਾਰੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਪੀੜਤ ਔਰਤਾਂ ਟੈਲੀਫੋਨ ਨੰ: 01763-233994 ਜਾਂ ਮੋਬਾਇਲ ਨੰ: 99881-00415 'ਤੇ ਵੀ ਸੰਪਰਕ ਕਰ ਸਕਦੀਆਂ ਹਨ। ਉਨ੍ਹਾਂ ਹੋਰ ਦੱਸਿਆ ਕਿ ਪੀੜਤ ਔਰਤਾਂ ਆਪਣੀ ਸ਼ਿਕਾਇਤ ਵਨ ਸਟਾਪ ਸੈਂਟਰ ਦੀ ਈ-ਮੇਲ oscfgsahib@gmail.com 'ਤੇ ਵੀ ਕਰ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਪੀੜਤ ਔਰਤਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਖ਼ਿਲਾਫ਼ ਜੰਗ: ਜ਼ਿਲ੍ਹੇ ਵਿੱਚ ਹੁਣ ਤੱਕ 531 ਸੈਂਪਲ ਜਾਂਚ ਲਈ ਭੇਜੇ

402 ਦੀ ਰਿਪੋਰਟ ਆਈ ਨੈਗੇਟਿਵ; 127 ਦੀ ਰਿਪੋਰਟ ਆਉਣੀ ਬਾਕੀ

ਜ਼ਿਲ੍ਹੇ ਵਿੱਚ ਕੋਰੋਨਾ ਦੇ ਪਾਜ਼ੇਟਿਵ ਆਏ 02 ਮਰੀਜ਼ ਹੋ ਚੁੱਕੇ ਨੇ ਠੀਕ

ਅੱਜ ਲਏ ਗਏ 67 ਸੈਂਪਲ

ਫ਼ਤਹਿਗੜ੍ਹ ਸਾਹਿਬ, 29 ਅਪ੍ਰੈਲ :

ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਨੇ ਦੱਸਿਆ ਕਿ ਹੁਣ ਤੱਕ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਜ਼ਿਲ੍ਹੇ ਵਿੱਚ 531 ਸੈਂਪਲ ਲਏ ਗਏ ਹਨ, ਜਿਨ੍ਹਾਂ ਵਿੱਚੋਂ 402 ਸੈਂਪਲ ਨੈਗੇਟਿਵ ਆਏ ਹਨ। ਜਦਕਿ 127 ਸੈਂਪਲਾਂ ਦੀ ਰਿਪੋਰਟ ਆਉਣੀ ਬਾਕੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਕੋਰੋਨਾ ਵਾਇਰਸ ਦੇ 02 ਕੇਸ ਪਾਜ਼ੇਟਿਵ ਆਏ ਸਨ, ਜੋ ਕਿ ਠੀਕ ਹੋ ਚੁੱਕੇ ਹਨ। ਸਿਵਲ ਸਰਜਨ ਨੇ ਦੱਸਿਆ ਕਿ ਅੱਜ 67 ਸੈਂਪਲ ਲਏ ਗਏ ਹਨ।

ਡਾ. ਅਗਰਵਾਲ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਨਾਉਣ ਅਤੇ ਘਰੋਂ ਬਾਹਰ ਨਿਕਲਣ ਸਮੇਂ ਮੂੰਹ ਨੂੰ ਮਾਸਕ ਜਾਂ ਹੋਰ ਸਾਫ਼ ਕੱਪੜੇ ਨਾਲ ਢਕਿਆ ਜਾਵੇ। ਇਸ ਤੋਂ ਇਲਾਵਾ ਆਪਣੇ ਹੱਥ ਵਾਰ-ਵਾਰ ਸਾਬਣ ਤੇ ਪਾਣੀ ਨਾਲ ਧੋਏ ਜਾਣ ਅਤੇ ਇੱਕ ਦੂਜੇ ਤੋਂ ਘੱਟ ਤੋਂ ਘੱਟ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ ਤਾਂ ਜੋ ਕੋਰੋਨਾ ਵਾਇਰਸ ਵਰਗੀ ਖਤਰਨਾਕ ਮਹਾਂਮਾਰੀ ਨੂੰ ਖਤਮ ਕੀਤਾ  ਜਾ ਸਕੇ

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਰਾਜੀ ਪੀ. ਸ਼੍ਰੀਵਾਸਤਵਾ ਨੇ ਜ਼ਿਲ੍ਹੇ ਵਿੱਚ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਕੀਤੇ ਪ੍ਰਬੰਧਾਂ ਦਾ ਲਿਆ ਜਾਇਜਾ

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਵੱਖ-ਵੱਖ ਪ੍ਰਬੰਧਾਂ 'ਤੇ ਪ੍ਰਗਟਾਈ ਤਸੱਲੀ

ਹੁਣ ਤੱਕ ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਨੂੰ ਜਾਰੀ ਕੀਤੇ 102 ਕਰੋੜ ਰੁਪਏ: ਡਿਪਟੀ ਕਮਿਸ਼ਨਰ

ਮੰਡੀਆਂ ਵਿੱਚ ਆਈ 96,698 ਮੀਟਰਕ ਟਨ ਕਣਕ ਵਿੱਚੋਂ 92,900 ਮੀਟਰਕ ਟਨ ਕਣਕ ਦੀ ਖਰੀਦ

ਫ਼ਤਹਿਗੜ੍ਹ ਸਾਹਿਬ, 29 ਅਪ੍ਰੈਲ :

ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੀ ਪ੍ਰਮੁੱਖ ਸਕੱਤਰ ਸ਼੍ਰੀਮਤੀ  ਰਾਜੀ ਪੀ. ਸ਼੍ਰੀਵਾਸਤਵਾ ਨੇ ਅੱਜ ਜ਼ਿਲ੍ਹੇ ਵਿੱਚ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਸਿਵਲ ਹਸਪਤਾਲ ਵਿੱਖੇ ਕੋਰੋਨਾ ਵਾਇਰਸ ਦੇ ਮਰੀਜ਼ਾਂ ਲਈ ਬਣਾਏ ਵੱਖਰੇ ਵਾਰਡ, ਲੋੜਵੰਦਾਂ ਨੂੰ ਸੁੱਕਾ ਰਾਸ਼ਨ ਤੇ ਬਣਾਇਆ ਹੋਇਆ ਭੋਜਨ ਦੇਣ ਅਤੇ ਅਨਾਜ ਮੰਡੀ ਵਿੱਚ ਕਣਕ ਦੀ ਖਰੀਦ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਲਈ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਕਰਨੀ ਬਹੁਤ ਜ਼ਰੂਰੀ ਹੈ ਅਤੇ ਖਾਸ ਕਰਕੇ ਸਮਾਜਿਕ ਵਿੱਥ ਬਣਾ ਕੇ ਰੱਖਣ ਨਾਲ ਹੀ ਇਸ ਬਿਮਾਰੀ ਤੋਂ ਬਚਿਆ ਜਾ ਸਕਦਾ ਹੈ।

ਉਧਰ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕੀਤੀ ਜਾ ਰਹੀ ਕਣਕ ਦੀ ਖਰੀਦ ਦੌਰਾਨ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਰੀਆਂ ਸਾਵਧਾਨੀਆਂ ਅਪਣਾਉਣ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 96 ਹਜ਼ਾਰ 698 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 92 ਹਜ਼ਾਰ 900 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਨੂੰ 102 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ।

ਸ਼੍ਰੀਮਤੀ ਗਿੱਲ ਨੇ ਦੱਸਿਆ ਕਿ ਖਰੀਦੀ ਗਈ ਕਣਕ ਵਿੱਚੋਂ ਪਨਗ੍ਰੇਨ ਵੱਲੋਂ 21,283 ਮੀਟਰਕ ਟਨ, ਮਾਰਕਫੈਡ ਵੱਲੋਂ 23,325 ਮੀਟਰਕ ਟਨ, ਪਨਸਪ ਵੱਲੋਂ 18,698 ਮੀਟਰਕ ਟਨ, ਵੇਅਰ ਹਾਊਸ ਵੱਲੋਂ 17,114 ਮੀਟਰਕ ਟਨ ਅਤੇ ਐਫ.ਸੀ.ਆਈ. ਵੱਲੋਂ 12,480 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਸੈਨੀਟਾਈਜ਼ਰ ਤੇ ਮਾਸਕ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਕਣਕ ਦੀ ਖਰੀਦ ਦੌਰਾਨ ਸਮਾਜਿਕ ਵਿੱਥ ਨੂੰ ਬਣਾ ਕੇ ਰੱਖਣਾ ਯਕੀਨੀ ਬਣਾਇਆ ਜਾ ਰਿਹਾ ਹੈ।

ਸ਼੍ਰੀਮਤੀ ਪੀ. ਰਾਜੀ ਸ਼੍ਰੀਵਾਸਤਵਾ ਵੱਲੋਂ ਮੰਡੀਆਂ ਦਾ ਜਾਇਜ਼ਾ ਲੈਣ ਮੌਕੇ ਉਨ੍ਹਾਂ ਦੇ ਨਾਲ ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ, ਐਸ.ਡੀ.ਐਮ. ਬਸੀ  ਪਠਾਣਾਂ ਸ਼੍ਰੀ ਪਵਿੱਤਰ ਸਿੰਘ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ਼੍ਰੀਮਤੀ ਰਵਿੰਦਰ ਕੌਰ, ਜ਼ਿਲ੍ਹਾ ਮੰਡੀ ਅਫਸਰ ਸ਼੍ਰੀ ਰਵਿੰਦਰ ਕੁਮਾਰ, ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਸ਼੍ਰੀ ਸਾਧੂ ਰਾਮ ਭੱਟ ਮਾਜਰਾ ਵੀ ਮੌਜੂਦ ਸਨ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਫ਼ਤਹਿਗੜ੍ਹ ਸਾਹਿਬ ਪੁਲੀਸ ਨੇ ਮਨਾਇਆ ਬੱਚੀਆਂ ਦਾ ਜਨਮ ਦਿਨ

ਕੇਕ ਲੈ ਕੇ ਸਰਹਿੰਦ ਸ਼ਹਿਰ ਸਥਿਤ ਬੱਚੀਆਂ ਦੇ ਘਰ ਪੁੱਜੇ ਪੁਲੀਸ ਮੁਲਾਜ਼ਮ

ਏ.ਐਸ.ਆਈ. ਚਰਨਜੀਤ ਬਿਲਾਸਪੁਰੀ ਨੇ ਧੀਆਂ ਨੂੰ ਸਮਰਪਿਤ ਗੀਤ ਗਾਏ

ਪਰਿਵਾਰ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ

ਫ਼ਤਹਿਗੜ੍ਹ ਸਾਹਿਬ, 29 ਅਪ੍ਰੈਲ

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਦੇ ਮੱਦੇਨਜ਼ਰ ਲਾਏ ਗਏ ਕਰਫਿਊ ਦੌਰਾਨ ਜ਼ਿਲ੍ਹਾ ਪੁਲੀਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਪੁਲੀਸ ਨੇ ਸਰਹਿੰਦ ਸ਼ਹਿਰ ਵਿਖੇ ਰਹਿੰਦੀਆਂ ਦੋ ਜੌੜੀਆਂ ਬੱਚੀਆਂ ਲਵਨੀਤ ਤੇ ਲਵਨੀਸ਼ ਦਾ 06 ਵਾਂ ਜਨਮ ਦਿਨ ਮਨਾਇਆ, ਜਿਸ ਲਈ ਪਰਿਵਾਰ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਤਾਇਨਾਤ ਏ.ਐਸ.ਆਈ. ਚਰਨਜੀਤ ਬਿਲਾਸਪੁਰੀ, ਜੋ ਕਿ ਵੱਖ ਵੱਖ ਗੀਤ ਗਾ ਕੇ ਸਮਾਜ ਨੂੰ ਜਾਗਰੂਕ ਕਰਨ ਲਈ ਉਪਰਾਲੇ ਕਰਦੇ ਰਹਿੰਦੇ ਹਨ,  ਨੇ ਇਸ ਮੌਕੇ ਉਚੇਚੇ ਤੌਰ ਉਤੇ ਧੀਆਂ ਨੂੰ ਸਮਰਪਿਤ ਗੀਤ ਗਾਏ। ਉਹ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਗੀਤ ਵੀ ਗਾ ਚੁੱਕੇ ਹਨ, ਜਿਸ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਸੀ।

ਬੱਚੀਆਂ ਦੀ ਮਾਂ ਸੁਰਿਸ਼ਟਾ ਰਾਣੀ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਰਫਿਊ ਕਾਰਨ ਉਹ ਸੋਚ ਰਹੇ ਸਨ ਕਿ ਆਪਣੀਆਂ ਬੱਚੀਆਂ ਦਾ ਜਨਮਦਿਨ ਕਿਵੇਂ ਮਨਾਉਣਗੇ ਪਰ ਪੁਲੀਸ ਨੇ ਉਨ੍ਹਾਂ ਦੀਆਂ ਬੱਚੀਆਂ ਲਈ ਕੇਕ ਲਿਆ ਕੇ ਉਨ੍ਹਾਂ ਦੀਆਂ ਬੱਚੀਆਂ ਦਾ ਜਨਮਦਿਨ ਮਨਾਇਆ, ਜਿਸ ਨਾਲ ਉਨ੍ਹਾਂ ਦੀ ਖੁਸ਼ੀ ਵਿੱਚ ਅਥਾਹ ਵਾਧਾ ਹੋਇਆ ਹੈ ਤੇ ਇਸ ਲਈ ਉਹ ਪੰਜਾਬ ਸਰਕਾਰ ਤੇ ਜ਼ਿਲ੍ਹਾ ਪੁਲੀਸ ਦੇ ਧੰਨਵਾਦੀ ਹਨ। ਉਨ੍ਹਾਂ ਨੇ ਇਸ ਮੌਕੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਸਬੰਧੀ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

ਇਸ ਮੌਕੇ ਸਬ ਇੰਸਪੈਕਟਰ ਅਮਨਦੀਪ ਕੌਰ, ਏ.ਐਸ.ਆਈ. ਬਲਜਿੰਦਰ ਸਿੰਘ ਤੇ ਮਹਿਲਾ ਪੁਲੀਸ ਮੁਲਾਜ਼ਮ ਇੰਦੂ ਬਾਲਾ ਤੇ ਕਿਰਨਦੀਪ ਕੌਰ ਵੀ ਹਾਜ਼ਰ ਸਨ।